# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 31-03-2026**

ਸਰਕਾਰ ਨੇ 2027 ਦੀ ਮਰਦਮਸ਼ੁਮਾਰੀ ਦੇ ਪਹਿਲੇ ਗੇੜ ਵਿੱਚ ਪੁੱਛੇ ਜਾਣ ਵਾਲੇ 33 ਸਵਾਲਾਂ ਨੂੰ ਨੋਟੀਫਾਈ ਕੀਤਾ ਏ। ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਭਾਰਤ ਦੇ ਰਜਿਸਟਰਾਰ ਜਨਰਲ ਅਤੇ ਮਰਦਸ਼ਮਾਰੀ ਕਮਿਸ਼ਨਰ ਮ੍ਰਿਤੁਨਜੈਯ ਕੁਮਾਰ ਨਾਰਾਇਣ ਨੇ ਕਿਹਾ ਕਿ, ਮਰਦਮ ਸ਼ੁਮਾਰੀ ਦੋ ਗੇੜਾਂ ਵਿੱਚ ਕੀਤੀ ਜਾਵੇਗੀ। ਪਹਿਲੇ ਗੇੜ ਵਿੱਚ, ਘਰ-ਘਰ ਜਾ ਕੇ ਸੂਚੀਕਰਨ ਅਤੇ ਸਵੈ-ਗਣਨਾ ਦੀ ਪ੍ਰਕਿਰਿਆ ਪੂਰੀ ਕੀਤੀ ਜਾਵੇਗੀ। ਇਹ ਗੇੜ, ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵੱਲੋਂ ਤੈਅ ਕੀਤੀ ਗਈ ਸਮਾਂ-ਸਾਰਣੀ ਮੁਤਾਬਕ ਪਹਿਲੀ ਅਪ੍ਰੈਲ ਤੋਂ 30 ਸਤੰਬਰ ਤੱਕ ਚੱਲੇਗਾ। ਉਨ੍ਹਾਂ ਅੱਗੇ ਦੱਸਿਆ ਕਿ ਸਵੈ-ਗਣਨਾ ਪੋਰਟਲ 16 ਭਾਸ਼ਾਵਾਂ ਵਿੱਚ ਉਪਲਬਧ ਹੋਵੇਗਾ। ਸ਼੍ਰੀ ਨਾਰਾਇਣ ਨੇ ਦੱਸਿਆ ਕਿ ਦੂਜੇ ਗੇੜ ਲਈ ਪ੍ਰਸ਼ਨ ਵੀ ਸਮੇਂ ਸਿਰ ਪ੍ਰਕਾਸ਼ਿਤ ਕੀਤੇ ਜਾਣਗੇ ਅਤੇ ਜਾਤੀ ਗਣਨਾ, ਮਰਦਮਸ਼ੁਮਾਰੀ ਦੇ ਦੂਜੇ ਗੇੜ ਵਿੱਚ ਕੀਤੀ ਜਾਵੇਗੀ।

---------------------------------------------------------------

ਅੱਜ ਦੇਸ਼ ਭਰ ਵਿੱਚ ਜੈਨ ਧਰਮ ਦੇ 24ਵੇਂ ਅਤੇ ਆਖਰੀ ਤੀਰਥੰਕਰ ਭਗਵਾਨ ਮਹਾਂਵੀਰ ਦੀ ਜੈਅੰਤੀ ਮਨਾਈ ਜਾ ਰਹੀ ਏ। ਇਹ ਤਿਉਹਾਰ ਦਇਆ, ਸੰਜਮ ਅਤੇ ਸੱਚਾਈ ਦੇ ਪ੍ਰਣ ਨੂੰ ਨਿਭਾਉਣ ਦਾ ਸੰਦੇਸ਼ ਦਿੰਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮਹਾਵੀਰ ਜਯੰਤੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਭਗਵਾਨ ਮਹਾਵੀਰ ਨੇ ਅਹਿੰਸਾ, ਸੱਚ ਅਤੇ ਸਵੈ-ਸੰਜਮ ਦੇ ਸਿਧਾਂਤਾਂ ਦਾ ਪ੍ਰਚਾਰ ਕੀਤਾ ਅਤੇ ਲੋਕਾਂ ਨੂੰ ਦਇਆਵਾਨ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਭਗਵਾਨ ਮਹਾਵੀਰ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਏ ਅਤੇ ਇੱਕ ਵਧੇਰੇ ਸੰਵੇਦਨਸ਼ੀਲ, ਸ਼ਾਂਤੀਪੂਰਨ ਅਤੇ ਨਿਆਂਪੂਰਨ ਸਮਾਜ ਬਣਾਉਣ ਲਈ ਨਿਰੰਤਰ ਯਤਨਸ਼ੀਲ ਰਹਿਣਾ ਚਾਹੀਦਾ ਏ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸਾਰਿਆਂ ਨੂੰ 'ਮਹਾਵੀਰ ਜਯੰਤੀ' ਦੇ ਪਵਿੱਤਰ ਦਿਹਾੜੇ ਦੀਆਂ ਵਧਾਈਆਂ ਦਿਤੀਆਂ ਨੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ ਪਟਿਆਲਾ ਦੇ

ਸਨੌਰ ਹਲਕੇ ਵਿੱਚ ਵਿਆਪਕ ਬੁਨਿਆਦੀ ਢਾਂਚੇ ਅਤੇ ਸਿੰਚਾਈ ਪ੍ਰਾਜੈਕਟਾਂ ਦੀ ਸ਼ੁਰੂਆਤ ਕੀਤੀ। ਉਨ੍ਹਾਂ 87 ਕਰੋੜ ਰੁਪਏ ਦੇ ਸੜਕ ਨਵੀਨੀਕਰਨ ਕਾਰਜਾਂ ਦੇ ਨਾਲ-ਨਾਲ 27 ਕਰੋੜ ਰੁਪਏ ਦੇ ਨਹਿਰੀ ਲਾਈਨਿੰਗ ਪ੍ਰਾਜੈਕਟਾਂ ਦਾ ਐਲਾਨ ਕੀਤਾ ਜਿਸ ਨਾਲ 83 ਪਿੰਡਾਂ ਵਿੱਚ 40 ਹਜ਼ਾਰ 66 ਏਕੜ ਰਕਬੇ ਨੂੰ ਸਿੰਚਾਈ ਲਈ ਪਾਣੀ ਮਿਲੇਗਾ। ਸਨੌਰ ਹਲਕੇ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕਈ ਨਵੀਆਂ ਲਿੰਕ ਸੜਕਾਂ ਬਣਾਈਆਂ ਜਾਣਗੀਆਂ ਅਤੇ ਕੁਝ ਮੌਜੂਦਾ ਸੜਕਾਂ ਨੂੰ ਨਵਾਂ ਰੂਪ ਦਿੱਤਾ ਜਾਵੇਗਾ। ਮੁੱਖ ਪਟਿਆਲਾ-ਪਿਹੋਵਾ ਸੜਕ ਦਾ ਨਵੀਨੀਕਰਨ ਅਤੇ ਦਿੱਲੀ ਜਾਣ ਵਾਲੀ ਆਵਾਜਾਈ ਨੂੰ ਆਸਾਨ ਬਣਾਉਣ ਲਈ ਜਲਦ ਹੀ ਇਸ ਨੂੰ ਚਾਰ-ਮਾਰਗੀ ਕੀਤਾ ਜਾਵੇਗਾ।

---------------------------------------------------------------

ਪੰਜਾਬ ਕੱਲ੍ਹ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋ ਰਹੇ ਖਰੀਦ ਸੀਜ਼ਨ ਦੌਰਾਨ, 122 ਲੱਖ ਮੀਟਰਿਕ ਟਨ ਦੇ ਟੀਚੇ ਦੇ ਮੁਕਾਬਲੇ 132 ਲੱਖ ਮੀਟਰਿਕ ਟਨ ਕਣਕ ਖਰੀਦਣ ਲਈ ਤਿਆਰ ਏ, ਜਿਸ ਲਈ ਘੱਟੋ-ਘੱਟ ਸਮਰਥਨ ਮੁੱਲ (MSP) 2585 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਏ। ਸੂਬੇ ਨੂੰ ਅਪ੍ਰੈਲ ਮਹੀਨੇ ਲਈ ਵੀ 30 ਹਜ਼ਾਰ 973 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (CCL) ਪ੍ਰਾਪਤ ਹੋਈ ਏ। ਖਰੀਦ ਲਈ ਕੀਤੇ

ਗਏ ਪ੍ਰਬੰਧਾਂ 'ਤੇ ਵਿਚਾਰ ਕਰਦੇ ਹੋਏ, ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ, ਲਾਲ ਚੰਦ ਕਟਾਰੂਚੱਕ ਨੇ ਕਿਹਾ।

BYTE

ਉਨ੍ਹਾਂ ਦਸਿਆ ਕਿ 1897 ਖਰੀਦ ਕੇਂਦਰਾਂ ਨੂੰ ਸੂਚਿਤ ਕੀਤਾ ਗਿਆ ਏ ਅਤੇ ਉਨ੍ਹਾਂ ਨੂੰ ਸਾਰੀ ਲੋੜੀਂਦੀ ਸਮੱਗਰੀ ਨਾਲ ਲੈਸ ਕੀਤਾ ਗਿਆ ਏ। ਜ਼ਿਲ੍ਹਾ ਪੱਧਰੀ ਖਰੀਦ ਕਮੇਟੀਆਂ ਤੋਂ 266 ਹੋਰ ਅਸਥਾਈ ਯਾਰਡਾਂ ਲਈ ਤਜਵੀਜ਼ ਵੀ ਪ੍ਰਾਪਤ ਹੋਈ ਏ। ਕੱਲ੍ਹ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ ਨਾਲ ਇੱਕ ਸਮੀਖਿਆ ਮੀਟਿੰਗ ਦੌਰਾਨ, ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਖਾਸ ਕਰਕੇ ਸੂਬੇ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਕਰੜੀ ਨਜ਼ਰ ਰੱਖਣ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪੰਜਾਬ ਤੋਂ ਬਾਹਰੋਂ ਆਈ ਕਣਕ ਸੂਬੇ ਦੀਆਂ ਮੰਡੀਆਂ ਵਿੱਚ ਨਾ ਵੇਚੀ ਜਾਵੇ।

---------------------------------------------------

ਰੇਲਵੇ ਮੰਤਰਾਲੇ ਨੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਗਿੱਦੜਬਾਹ ਸ਼ਹਿਰ ਵਿੱਚ ਬਠਿੰਡਾ-ਸ੍ਰੀ ਗੰਗਾਨਗਰ ਰੇਲਵੇ ਸੈਕਸ਼ਨ ‘ਤੇ 80 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਰੇਲਵੇ ਓਵਰਬ੍ਰਿਜ ਦੀ ਮਨਜ਼ੂਰੀ ਦੇ ਦਿੱਤੀ ਏ। ਇਸ ਪ੍ਰੋਜੈਕਟ ਲਈ ਕੇਂਦਰ ਸਰਕਾਰ ਵੱਲੋਂ ਪੂਰਾ ਫੰਡ ਵੀ ਜਾਰੀ ਕਰ ਦਿੱਤਾ ਗਿਆ ਏ। ਸਾਬਕਾ ਖਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ

ਦੱਸਿਆ ਕਿ ਇਸ ਓਵਰਬ੍ਰਿਜ ਨਾਲ, ਗਿੱਦੜਬਾ ਖੇਤਰ ਦੇ ਰੇਲਵੇ ਬੁਨਿਆਦੀ ਢਾਂਚੇ ਨੂੰ ਵੱਡੀ ਮਜ਼ਬੂਤੀ ਮਿਲੇਗੀ ਅਤੇ ਆਵਾਜਾਈ ਹੋਰ ਸੁਖਾਲੀ ਬਣੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਲਈ ਜਲਦ ਹੀ ਟੈਂਡਰ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ ਤਾਂ ਜੋ ਉਸਾਰੀ ਦਾ ਕੰਮ ਸਮੇਂ ਸਿਰ ਸ਼ੁਰੂ ਹੋ ਸਕੇ। ਉਨ੍ਹਾਂ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੰਬੇ ਸਮੇਂ ਤੋਂ ਇਸ ਓਵਰਬ੍ਰਿਜ ਦੀ ਮੰਗ ਕੀਤੀ ਜਾ ਰਹੀ ਸੀ। ਇਸ ਪ੍ਰੋਜੈਕਟ ਦੀ ਖਾਸ ਗੱਲ ਇਹ ਏ ਕਿ ਇਸ ਦੀ 100 ਫੀਸਦੀ ਲਾਗਤ ਕੇਂਦਰ ਸਰਕਾਰ ਵੱਲੋਂ ਹੀ ਭਰੀ ਜਾ ਰਹੀ ਏ ।

---------------------------------------------------------

ਅੰਮ੍ਰਿਤਸਰ ਦਾ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡਾ, ਹਵਾਈ ਪੱਟੀ 'ਤੇ ਮੁਰੰਮਤ ਕਾਰਜ ਕਰਕੇ ਕੱਲ ਪਹਿਲੀ ਅਪ੍ਰੈਲ ਤੋਂ 27 ਸਤੰਬਰ ਤੱਕ ਰੋਜ਼ਾਨਾ ਅੱਠ ਘੰਟੇ ਲਈ ਪੂਰੀ ਤਰ੍ਹਾਂ ਬੰਦ ਰਹੇਗਾ। ਹਵਾਈ ਅੱਡੇ ਦੇ ਨਿਦੇਸ਼ਕ ਭੁਪੇਂਦਰਾ ਸਿੰਘ ਨੇ ਦਸਿਆ ਕਿ ਇਸ ਲਈ ਇਸ ਸਮੇਂ ਦੌਰਾਨ ਆਉਣ ਵਾਲੀਆਂ ਅਤੇ ਜਾਣ ਵਾਲੀਆਂ ਉਡਾਣਾਂ ਦਾ ਸਮਾਂ-ਸਾਰਣੀ ਬਦਲ ਦਿੱਤੀ ਗਈ ਏ ।

BYTE

---------------------------------------------------------

ਖਰੜ ਪੁਲੀਸ ਨੇ ਚੋਰੀ ਤੇ ਲੁਟਾਂ-ਖੋਹਾਂ ਵਿਚ ਸ਼ਾਮਿਲ 13 ਮੁਲਜ਼ਮਾਂ ਸਮੇਤ ਵੱਖ ਵੱਖ 18 ਮੋਟਰ ਸਾਇਕਲ,3 ਸਕੂਟਰ, ਗੈਸ ਸਿਲੰਡਰ ਤੇ ਹੋਰ ਸਮਾਨ ਬਰਾਮਦ ਕੀਤਾ ਏ। ਉਪ ਕਪਤਾਨ ਕਰਨ ਸਿੰਘ ਸੰਧੂ ਨੇ ਦੱਸਿਆ ਕਿ ਫੜੇ ਗਏ ਮੁਲਜ਼ਮ, ਜਿਆਦਾਤਰ ਖਰੜ, ਬਲੌਂਗੀ ਦੇ ਵਸਨੀਕ ਨੇ ਅਤੇ ਕੁੱਝ ਹੁਸ਼ਿਆਰਪੁਰ, ਲੁਧਿਆਣਾ ਦੇ ਰਹਿਣ ਵਾਲੇ ਨੇ। ਇਹਨਾਂ ਖ਼ਿਲਾਫ਼ ਸੰਬੰਧਿਤ ਥਾਣਿਆਂ ਵਿੱਚ BNS ਦੀ ਵੱਖ ਵੱਖ ਧਾਰਾਵਾਂ ਅਧੀਨ ਮਾਮਲੇ ਦਰਜ ਨੇ।

---------------------------------------------------------

IPL ਕ੍ਰਿਕੇਟ ਵਿੱਚ , ਪੰਜਾਬ ਕਿੰਗਜ਼ ਦਾ ਮੁਕਾਬਲਾ ਅੱਜ ਨਿਊ ਚੰਡੀਗੜ੍ਹ ਵਿਖੇ ਮਹਾਰਾਜਾ ਯਾਦਵਿੰਦਰਾ ਸਿੰਘ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ 'ਚ ਗੁਜਰਾਤ ਟਾਈਟਨਸ ਨਾਲ ਹੋਏਗਾ |

ਇਹ ਮੈਚ ਸ਼ਾਮੀ ਸਾਢੇ 7 ਵਜੇ ਹੋਏਗਾ।

---------------------------------------------------------